# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106, 2621104,2631104,ਫੈਕਸ:0172-2624687 ਈ-ਮੇਲ: ssapunjab123gmail.com

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ),

ਪੰਜਾਬ।

ਮੀਮੋ ਨੰ:9/5-2010/ਸਸਅ/ਐਫਟੀਬੀ/ਰੈਸ਼./48567

ਮਿਤੀ, ਚੰਡੀਗੜ੍ਹ:29-07-2010

**ਵਿਸ਼ਾ: ਰਾਜ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਫ਼ਰਜ਼ੀ ਦਾਖਲਿਆਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਕਿਰਪਾਲਤਾ ਕਰੋ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਰਾਜ ਸਰਕਾਰ ਵੱਲੋਂ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਪੋਸਟਾਂ ਦੀ ਰੈਸ਼ਨੇਲਾਈਜ਼ੇਸ਼ਨ ਕਰਨ ਹਿੱਤ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ(ਸੈਸਿ) ਨੇ ਤਜਵੀਜ਼ ਬਣਾ ਕੇ ਭੇਜੀ ਹੈ।

3.0 ਇਸ ਦਫ਼ਤਰ ਵੱਲੋਂ ਨਿਰੀਖਣ ਟੀਮਾਂ ਭੇਜ ਕੇ ਪਤਾ ਕੀਤਾ ਗਿਆ ਹੈ ਕਿ ਸਕੂਲ ਮੁਖੀਆਂ ਨੇ ਆਪਣੇ ਸਕੂਲਾਂ ਵਿੱਚ ਪੋਸਟਾਂ ਸਰਪਲੱਸ ਐਲਾਨੇ ਜਾਣ ਦੇ ਡਰੋਂ ਵਿਦਿਆਰਥੀਆਂ ਦੀ ਫ਼ਰਜ਼ੀ ਗਿਣਤੀ ਜ਼ਿਲ੍ਹਾ ਦਫ਼ਤਰਾਂ ਨੂੰ ਭੇਜੀ ਹੈ ਜੋ ਕਿ ਬੜਾ ਹੀ ਗੰਭੀਰ ਮਾਮਲਾ ਹੈ।

4.0 ਸਮੂਹ ਸਕੂਲ ਮੁਖੀਆਂ ਨੂੰ ਸੁਚੇਤ ਕੀਤਾ ਜਾਵੇ ਕਿ ਜੇਕਰ ਕਿਸੇ ਸਕੂਲ ਮੁਖੀ ਨੇ ਜਾਣ-ਬੁੱਝ ਕੇ ਵਿਦਿਆਰਥੀਆਂ ਦੀ ਗਿਣਤੀ ਗ਼ਲਤ ਦਰਸਾਈ ਹੈ ਤਾਂ ਇਸ ਨੂੰ ਦਰੁਸਤ ਕੀਤਾ ਜਾਵੇ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈਸਿ) ਤੁਰੰਤ ਇਸ ਦਫ਼ਤਰ ਨੂੰ ਸੂਚਿਤ ਕਰਨ।

5.0 ਇਸ ਤੋਂ ਬਾਅਦ ਮੁੱਖ ਦਫ਼ਤਰ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਨਿਰੀਖਣ ਟੀਮਾਂ ਗ਼ਠਿਤ ਕਰਕੇ ਅਚਨਚੇਤ ਨਿਰੀਖਣ ਕੀਤਾ ਜਾਵੇਗਾ ਅਤੇ ਜੇਕਰ ਕਿਸੇ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਫ਼ਰਜ਼ੀ ਪਾਈ ਜਾਂਦੀ ਹੈ ਤਾਂ ਅਜਿਹੇ ਸਕੂਲ ਮੁਖੀਆਂ/ ਪ੍ਰਿੰਸੀਪਲਾਂ ਦੇ ਕੇਸ ਮੁਅੱਤਲੀ ਲਈ ਵਿਚਾਰੇ ਜਾਣਗੇ, ਜਿਸ ਦੀ ਜ਼ਿਮੇਵਾਰੀ ਉਹਨਾਂ ਦੀ ਖ਼ੁਦ ਦੀ ਹੋਵੇਗੀ।

6.0 ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।**

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ/ਪ੍ਰਿੰਸੀਪਲਾਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।**